ਭੈਰਉ ਮਹਲਾ ੫ ॥ ਸਭ ਤੇ ਊਚ ਜਾ ਕਾ ਦਰਬਾਰੁ ॥ ਸਦਾ ਸਦਾ ਤਾ ਕਉ ਜੋਹਾਰੁ ॥ ਊਚੇ ਤੇ ਊਚਾ ਜਾ ਕਾ ਥਾਨ ॥ ਕੋਟਿ ਅਘਾ ਮਿਟਹਿ ਹਰਿ ਨਾਮ ॥ ੧॥ ਤਿਸੁ ਸਰਣਾਈ ਸਦਾ ਸੁਖੁ ਹੋਇ ॥ ਕਰਿ ਕਿਰਪਾ ਜਾ ਕਉ ਮੇਲੈ ਸੋਇ ॥੧॥ ਰਹਾਉ ॥ ਜਾ ਕੇ ਕਰਤਬ ਲਖੇ ਨ ਜਾਹਿ ॥ ਜਾ ਕਾ ਭਰਵਾਸਾ ਸਭ ਘਟ ਮਾਹਿ ॥ ਪ੍ਰਗਟ ਭਇਆ ਸਾਧੂ ਕੈ ਸੰਗਿ ॥ ਭਗਤ ਅਰਾਧਹਿ ਅਨਦਿਨੁ ਰੰਗਿ ॥੨॥ ਦੇਦੇ ਤੋਟਿ ਨਹੀ ਭੰਡਾਰ ॥ ਖਿਨ ਮਹਿ ਥਾਪਿ ਉਥਾਪਨਹਾਰ ॥ ਜਾ ਕਾ ਹੁਕਮੁ ਨ ਮੇਟੈ ਕੋਇ ॥ ਸਿਰਿ ਪਾਤਿਸਾਹਾ ਸਾਚਾ ਸੋਇ ॥੩॥ ਜਿਸ ਕੀ ਓਟ ਤਿਸੈ ਕੀ ਆਸਾ ॥ ਦੁਖੁ ਸੁਖੁ ਹਮਰਾ ਤਿਸ ਹੀ ਪਾਸਾ ॥ ਰਾਖਿ ਲੀਨੋ ਸਭੁ ਜਨ ਕਾ ਪੜਦਾ ॥ ਨਾਨਕੁ ਤਿਸ ਕੀ ਉਸਤਤਿ ਕਰਦਾ ॥੪॥੧੯॥੩੨॥ {ਪੰਨਾ 1144}

ਪਦਅਰਥ:- ਸਭ ਤੇ—ਸਭ (ਪਾਤਿਸ਼ਾਹਾਂ ਦੇ ਦਰਬਾਰਾਂ) ਤੋਂ। ਜਾ ਕਾ—ਜਿਸ (ਪ੍ਰਭੂ-ਪਾਤਿਸ਼ਾਹ) ਦਾ। ਤਾ ਕਉ—ਉਸ ਨੂੰ। ਜੋਹਾਰੁ—ਨਮਸਕਾਰ। ਕੋਟਿ—ਕ੍ਰੋੜਾਂ। ਅਘਾ—ਅਘਾਂ, ਪਾਪ। ਮਿਟਹਿ—ਮਿਟ ਜਾਂਦੇ ਹਨ {ਬਹੁ-ਵਚਨ}।

ਸਰਣਾਈ—ਸਰਨ ਪਿਆਂ। ਜਾ ਕਉ—ਜਿਸ (ਮਨੁੱਖ) ਨੂੰ। ਸੋਇ—ਉਹ (ਪ੍ਰਭੂ ਆਪ) ਹੀ।1। ਰਹਾਉ।

ਲਖੇ ਨ ਜਾਹਿ—ਸਮਝੇ ਨਹੀਂ ਜਾ ਸਕਦੇ। ਭਰਵਾਸਾ—ਸਹਾਰਾ। ਘਟ—ਹਿਰਦਾ। ਸਾਧੂ ਕੈ ਸੰਗਿ—ਗੁਰੂ ਦੀ ਸੰਗਤਿ ਵਿਚ। ਅਰਾਧਹਿ—ਆਰਾਧਦੇ ਹਨ, ਨਾਮ ਜਪਦੇ ਹਨ। ਅਨਦਿਨੁ—ਹਰ ਰੋਜ਼, ਹਰ ਵੇਲੇ। ਰੰਗਿ—ਪ੍ਰੇਮ ਨਾਲ।2।

ਦੇਦੇ—ਦੇਂਦੇ, ਦੇਂਦਿਆਂ। ਤੋਟਿ—ਘਾਟਾ, ਕਮੀ। ਥਾਪਿ—ਪੈਦਾ ਕਰ ਕੇ। ਉਥਾਪਨਹਾਰ—ਨਾਸ ਕਰ ਸਕਣ ਵਾਲਾ। ਨ ਮੇਟੈ—ਮੋੜ ਨਹੀਂ ਸਕਦਾ। ਸਿਰਿ ਪਾਤਿਸ਼ਾਹਾ—(ਸਾਰੇ) ਪਾਤਿਸ਼ਾਹਾਂ ਦੇ ਸਿਰ ਉੱਤੇ। ਸਾਚਾ—ਸਦਾ ਕਾਇਮ ਰਹਿਣ ਵਾਲਾ।3।

ਜਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਤਿਸ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਸਭੁ—ਸਾਰਾ, ਹਰ ਥਾਂ।4।

ਅਰਥ:- ਹੇ ਭਾਈ! ਉਹ ਪ੍ਰਭੂ ਆਪ ਹੀ ਮਿਹਰ ਕਰ ਕੇ ਜਿਸ ਮਨੁੱਖ ਨੂੰ ਆਪਣੇ ਚਰਨਾਂ ਵਿਚ ਜੋੜਦਾ ਹੈ, ਉਸ (ਪ੍ਰਭੂ) ਦੀ ਸਰਨ ਵਿਚ (ਰਹਿ ਕੇ) ਉਸ ਨੂੰ ਸਦਾ ਆਨੰਦ ਬਣਿਆ ਰਹਿੰਦਾ ਹੈ।1। ਰਹਾਉ।

ਹੇ ਭਾਈ! ਜਿਸ (ਪਰਮਾਤਮਾ) ਦਾ ਦਰਬਾਰ ਸਭ (ਪਾਤਿਸ਼ਾਹਾਂ ਦੇ ਦਰਬਾਰਾਂ) ਨਾਲੋਂ ਉੱਚਾ ਹੈ, ਉਸ (ਪ੍ਰਭੂ-ਪਾਤਿਸ਼ਾਹ) ਨੂੰ ਸਦਾ ਹੀ ਸਦਾ ਨਮਸਕਾਰ ਕਰਨੀ ਚਾਹੀਦੀ ਹੈ। ਹੇ ਭਾਈ! ਜਿਸ ਪ੍ਰਭੂ-ਪਾਤਿਸ਼ਾਹ ਦਾ ਮਹੱਲ ਉੱਚੇ ਤੋਂ ਉੱਚਾ ਹੈ, ਉਸ ਹਰੀ-ਪਾਤਿਸ਼ਾਹ ਦੇ ਨਾਮ ਦੀ ਬਰਕਤਿ ਨਾਲ ਕ੍ਰੋੜਾਂ ਪਾਪ ਖ਼ਤਮ ਹੋ ਜਾਂਦੇ ਹਨ।1।

ਹੇ ਭਾਈ! ਜਿਸ ਪ੍ਰਭੂ-ਪਾਤਿਸ਼ਾਹ ਦੇ ਚੋਜ-ਤਮਾਸ਼ੇ ਸਮਝੇ ਨਹੀਂ ਜਾ ਸਕਦੇ, ਜਿਸ ਪਰਮਾਤਮਾ ਦਾ ਸਹਾਰਾ ਹਰੇਕ ਜੀਵ ਦੇ ਹਿਰਦੇ ਵਿਚ ਹੈ, ਉਹ ਪ੍ਰਭੂ-ਪਾਤਿਸ਼ਾਹ ਗੁਰੂ ਦੀ ਸੰਗਤਿ ਵਿਚ ਰਿਹਾਂ (ਮਨੁੱਖ ਦੇ ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ। ਉਸ ਦੇ ਭਗਤ ਹਰ ਵੇਲੇ ਪ੍ਰੇਮ ਨਾਲ ਉਸ ਦਾ ਨਾਮ ਜਪਦੇ ਰਹਿੰਦੇ ਹਨ।2।

ਹੇ ਭਾਈ! (ਦੁਨੀਆ ਦੇ) ਪਾਤਿਸ਼ਾਹਾਂ ਦੇ ਸਿਰ ਉੱਤੇ ਸਦਾ ਕਾਇਮ ਰਹਿਣ ਵਾਲਾ (ਪਾਤਿਸ਼ਾਹ) ਉਹ (ਪਰਮਾਤਮਾ) ਹੀ ਹੈ, (ਜੀਵਾਂ ਨੂੰ ਬੇਅੰਤ ਦਾਤਾਂ) ਦੇਂਦਿਆਂ ਭੀ (ਉਸ ਦੇ) ਖ਼ਜ਼ਾਨਿਆਂ ਵਿਚ ਕਮੀ ਨਹੀਂ ਹੁੰਦੀ, ਉਹ ਇਕ ਖਿਨ ਵਿਚ ਪੈਦਾ ਕਰ ਕੇ ਨਾਸ ਕਰਨ ਦੀ ਸਮਰਥਾ ਵਾਲਾ ਹੈ। ਹੇ ਭਾਈ! ਕੋਈ ਭੀ ਜੀਵ ਉਸ ਦਾ ਹੁਕਮ ਮੋੜ ਨਹੀਂ ਸਕਦਾ।3।

ਹੇ ਭਾਈ! (ਦੁੱਖਾਂ ਤੋਂ ਬਚਣ ਲਈ ਅਸਾਂ ਜੀਵਾਂ ਨੂੰ) ਜਿਸ (ਪਰਮਾਤਮਾ) ਦਾ ਆਸਰਾ ਹੈ, (ਸੁਖਾਂ ਦੀ ਪ੍ਰਾਪਤੀ ਲਈ ਭੀ) ਉਸੇ ਦੀ (ਸਹਾਇਤਾ ਦੀ) ਆਸ ਹੈ। ਹੇ ਭਾਈ! ਦੁੱਖ (ਤੋਂ ਬਚਣ ਲਈ, ਤੇ) ਸੁਖ (ਦੀ ਪ੍ਰਾਪਤੀ ਲਈ) ਅਸਾਂ

ਜੀਵਾਂ ਦੀ ਉਸ ਦੇ ਪਾਸ ਹੀ (ਸਦਾ ਅਰਦਾਸ) ਹੈ। ਹੇ ਭਾਈ! ਆਪਣੇ ਸੇਵਕ ਦੀ ਇੱਜ਼ਤ ਪਰਮਾਤਮਾ ਹਰ ਥਾਂ ਰੱਖ ਲੈਂਦਾ ਹੈ, ਨਾਨਕ ਉਸ ਦੀ (ਹੀ ਸਦਾ) ਸਿਫ਼ਤਿ-ਸਾਲਾਹ ਕਰਦਾ ਹੈ।4। 19। 32।